ਰਾਗੁ ਗਉੜੀ ਗੁਆਰੇਰੀ ਅਸਟਪਦੀ ਕਬੀਰ ਜੀ ਕੀ ੴ ਸਤਿਗੁਰ ਪ੍ਰਸਾਦਿ ॥ ਸੁਖੁ ਮਾਂਗਤ ਦੁਖੁ ਆਗੈ ਆਵੈ ॥ ਸੋ ਸੁਖੁ ਹਮਹੁ ਨ ਮਾਂਗਿਆ ਭਾਵੈ ॥੧॥ ਬਿਖਿਆ ਅਜਹੁ ਸੁਰਤਿ ਸੁਖ ਆਸਾ ॥ ਕੈਸੇ ਹੋਈ ਹੈ ਰਾਜਾ ਰਾਮ ਨਿਵਾਸਾ ॥੧॥ ਰਹਾਉ ॥ ਇਸੁ ਸੁਖ ਤੇ ਸਿਵ ਬ੍ਰਹਮ ਡਰਾਨਾ ॥ ਸੋ ਸੁਖੁ ਹਮਹੁ ਸਾਚੁ ਕਰਿ ਜਾਨਾ ॥੨॥ ਸਨਕਾਦਿਕ ਨਾਰਦ ਮੁਨਿ ਸੇਖਾ ॥ ਤਿਨ ਭੀ ਤਨ ਮਹਿ ਮਨੁ ਨਹੀ ਪੇਖਾ ॥੩॥ ਇਸੁ ਮਨ ਕਉ ਕੋਈ ਖੋਜਹੁ ਭਾਈ ॥ ਤਨ ਛੂਟੇ ਮਨੁ ਕਹਾ ਸਮਾਈ ॥੪॥ ਗੁਰ ਪਰਸਾਦੀ ਜੈਦੇਉ ਨਾਮਾਂ ॥ ਭਗਤਿ ਕੈ ਪ੍ਰੇਮਿ ਇਨ ਹੀ ਹੈ ਜਾਨਾਂ ॥੫॥ ਇਸੁ ਮਨ ਕਉ ਨਹੀ ਆਵਨ ਜਾਨਾ ॥ ਜਿਸ ਕਾ ਭਰਮੁ ਗਇਆ ਤਿਨਿ ਸਾਚੁ ਪਛਾਨਾ ॥੬॥ ਇਸੁ ਮਨ ਕਉ ਰੂਪੁ ਨ ਰੇਖਿਆ ਕਾਈ ॥ ਹੁਕਮੇ ਹੋਇਆ ਹੁਕਮੁ ਬੂਝਿ ਸਮਾਈ ॥੭॥ ਇਸ ਮਨ ਕਾ ਕੋਈ ਜਾਨੈ ਭੇਉ ॥ ਇਹ ਮਨਿ ਲੀਣ ਭਏ ਸੁਖਦੇਉ ॥੮॥ ਜੀਉ ਏਕੁ ਅਰੁ ਸਗਲ ਸਰੀਰਾ ॥ ਇਸੁ ਮਨ ਕਉ ਰਵਿ ਰਹੇ ਕਬੀਰਾ ॥੯॥੧॥੩੬॥ {ਪੰਨਾ 330}

ਪਦਅਰਥ:- ਅਸਟਪਦੀ—{ਅਸਟ-ਅੱਠ। ਪਦ—ਬੰਦ, Stanza} ਅੱਠ ਬੰਦਾਂ ਵਾਲਾ ਸ਼ਬਦ।

ਹਮਹੁ—ਸਾਨੂੰ। ਨ ਭਾਵੈ—ਚੰਗਾ ਨਹੀਂ ਲੱਗਦਾ। ਮਾਂਗਿਆ ਨ ਭਾਵੈ—ਮੰਗਣਾ ਚੰਗਾ ਨਹੀਂ ਲੱਗਦਾ, ਮੰਗਣ ਦੀ ਲੋੜ ਨਹੀਂ।1।

ਬਿਖਿਆ—ਮਾਇਆ। ਸੁਰਤਿ—ਧਿਆਨ। ਹੋਈ ਹੈ—ਹੋਵੇਗਾ, ਹੋ ਸਕਦਾ ਹੈ। ਰਾਜਾ—ਜੋਤਿ-ਰੂਪ।1। ਰਹਾਉ।

ਡਰਨਾ—ਡਰ ਗਏ, ਕੰਨਾਂ ਨੂੰ ਹੱਥ ਲਾਏ। ਹਮਹੁ—ਅਸਾਂ (ਸੰਸਾਰੀ ਜੀਵਾਂ) ਨੇ।2।

ਸਨਕਾਦਿਕ—ਸਨਕ ਆਦਿਕ, ਸਨਕ ਅਤੇ ਹੋਰ, ਬ੍ਰਹਮਾ ਦੇ ਚਾਰੇ ਪੁੱਤਰ (ਸਨਕ, ਸਨੰਦਨ, ਸਤਾਤਨ, ਸਨਤਕੁਮਾਰ)। ਸੇਖਾ—ਸ਼ੇਸ ਨਾਗ। ਤਿਨ ਭੀ—ਇਹਨਾਂ ਨੇ ਭੀ। ਪੇਖਾ—ਵੇਖਿਆ।3।

ਤਨ ਛੂਟੇ—ਸਰੀਰ ਨਾਲੋਂ ਵਿਛੋੜਾ ਹੋਣ ਤੇ।4।

ਗੁਰ ਪਰਸਾਦੀ—ਗੁਰੂ ਦੀ ਕਿਰਪਾ ਨਾਲ। ਨਾਮਾਂ—ਨਾਮਦੇਵ ਜੀ। ਪ੍ਰੇਮਿ—ਪ੍ਰੇਮ ਨਾਲ, ਪਿਆਰ ਨਾਲ। ਇਨਹੀ—ਇਹਨਾਂ (ਜੈਦੇਵ ਤੇ ਨਾਮਦੇਵ ਜੀ) ਨੇ। ਜਾਨਾਂ ਹੈ—ਸਮਝਿਆ ਹੈ।5।

ਤਿਨਿ—ਉਸ ਮਨੁੱਖ ਨੇ। ਸਾਚੁ—ਸਦਾ-ਥਿਰ ਰਹਿਣ ਵਾਲਾ ਪ੍ਰਭੂ।6।

ਰੂਪ—ਸ਼ਕਲ। ਰੇਖਿਆ—ਨਿਸ਼ਾਨ, ਚਿਹਨ, ਲਕੀਰ। ਨ ਕਾਈ—ਕੋਈ ਨਹੀਂ।7।

ਕੋਈ—ਜੇ ਕੋਈ, ਜੋ ਮਨੁੱਖ। ਭੇਉ—ਭੇਦ। ਇਹ ਮਨਿ—ਇਸ ਮਨ ਵਿਚ। ਲੀਣ—ਸਮਾਇਆ ਹੋਇਆ। ਸੁਖਦੇਉ—ਸੁਖ-ਸਰੂਪ ਪ੍ਰਭੂ।8।

ਜੀਉ ਏਕੁ—ਇੱਕ ਆਤਮਾ, ਇੱਕ ਰੱਬੀ ਜੋਤਿ। ਸਗਲ—ਸਾਰੇ। ਰਵਿ ਰਹੇ—ਰਮ ਰਹੇ, ਸਿਮਰ ਰਿਹਾ ਹੈ।9।

ਅਰਥ:- ਮੈਨੂੰ ਉਸ ਸੁਖ ਦੇ ਮੰਗਣ ਦੀ ਲੋੜ ਨਹੀਂ, ਜਿਸ ਸੁਖ ਦੇ ਮੰਗਿਆਂ ਦੁੱਖ ਮਿਲਦਾ ਹੈ।1।

ਅਜੇ ਭੀ ਸਾਡੀ ਸੁਰਤਿ ਮਾਇਆ ਵਿਚ ਹੀ ਲੱਗੀ ਹੋਈ ਹੈ ਤੇ (ਇਸ ਮਾਇਆ ਤੋਂ ਹੀ) ਸੁਖਾਂ ਦੀ ਆਸ ਲਾਈ ਬੈਠੇ ਹਾਂ; ਤਾਂ ਫਿਰ ਜੋਤਿ-ਰੂਪ ਨਿਰੰਕਾਰ ਦਾ ਨਿਵਾਸ (ਇਸ ਸੁਰਤਿ ਵਿਚ) ਕਿਵੇਂ ਹੋ ਸਕੇ?।1। ਰਹਾਉ।

ਇਸ (ਮਾਇਆ-) ਸੁਖ ਤੋਂ ਤਾਂ ਸ਼ਿਵ ਜੀ ਤੇ ਬ੍ਰਹਮਾ (ਵਰਗੇ ਦੇਵਤਿਆਂ) ਨੇ ਭੀ ਕੰਨਾਂ ਨੂੰ ਹੱਥ ਲਾਏ; (ਪਰ (ਸੰਸਾਰੀ ਜੀਵਾਂ ਨੇ) ਇਸ ਸੁਖ ਨੂੰ ਸੱਚਾ ਕਰ ਕੇ ਸਮਝਿਆ ਹੈ।2।

ਬ੍ਰਹਮਾ ਦੇ ਚਾਰੇ ਪੁੱਤਰ ਸਨਕ ਆਦਿਕ, ਨਾਰਦ ਮੁਨੀ ਅਤੇ ਸ਼ੇਸ਼ ਨਾਗ—ਇਹਨਾਂ ਨੇ ਭੀ (ਇਸ ਮਾਇਆ-ਸੁਖ ਵਲ ਸੁਰਤ ਲੱਗੀ ਰਹਿਣ ਦੇ ਕਾਰਨ) ਆਪਣੇ ਮਨ ਨੂੰ ਆਪਣੇ ਸਰੀਰ ਵਿਚ ਨਾਹ ਵੇਖਿਆ (ਭਾਵ, ਇਹਨਾਂ ਦਾ ਮਨ ਭੀ ਅੰਤਰ-ਆਤਮੇ ਟਿਕਿਆ ਨਾਹ ਰਹਿ ਸਕਿਆ)।3।

ਹੇ ਭਾਈ! ਕੋਈ ਧਿਰ ਇਸ ਮਨ ਦੀ ਭੀ ਖੋਜ ਕਰੋ ਕਿ ਸਰੀਰ ਨਾਲੋਂ ਵਿਛੋੜਾ ਹੋਣ ਤੇ ਇਹ ਮਨ ਕਿੱਥੇ ਜਾ ਟਿਕਦਾ ਹੈ।4।

ਸਤਿਗੁਰੂ ਦੀ ਕਿਰਪਾ ਨਾਲ, ਇਹਨਾਂ ਜੈਦੇਵ ਤੇ ਨਾਮਦੇਵ ਜੀ (ਵਰਗੇ ਭਗਤਾਂ) ਨੇ ਹੀ ਭਗਤੀ ਦੇ ਚਾਉ ਨਾਲ ਇਹ ਗੱਲ ਸਮਝੀ ਹੈ (ਕਿ "ਤਨ ਛੂਟੇ ਮਨੁ ਕਹਾ ਸਮਾਈ")।5।

ਜਿਸ ਮਨੁੱਖ ਦੀ (ਸੁਖਾਂ ਵਾਸਤੇ) ਭਟਕਣਾ ਦੂਰ ਹੋ ਗਈ ਹੈ, ਉਸ ਨੇ ਪ੍ਰਭੂ ਨੂੰ ਪਛਾਣ ਲਿਆ ਹੈ (ਪ੍ਰਭੂ ਨਾਲ ਸਾਂਝ ਪਾ ਲਈ ਹੈ); ਉਸ ਮਨੁੱਖ ਦੇ ਇਸ ਆਤਮਾ ਨੂੰ ਜਨਮ ਮਰਨ ਦੇ ਗੇੜ ਵਿਚ ਪੈਣਾ ਨਹੀਂ ਪੈਂਦਾ।6।

(ਅਸਲ ਵਿਚ) ਇਸ ਜੀਵ ਦਾ (ਪ੍ਰਭੂ ਤੋਂ ਵੱਖਰਾ) ਕੋਈ ਰੂਪ ਜਾਂ ਚਿਹਨ ਨਹੀਂ ਹੈ। ਪ੍ਰਭੂ ਦੇ ਹੁਕਮ ਵਿਚ ਹੀ ਇਹ (ਵੱਖਰੇ ਸਰੂਪ ਵਾਲਾ) ਬਣਿਆ ਹੈ ਤੇ ਪ੍ਰਭੂ ਦੀ ਰਜ਼ਾ ਨੂੰ ਸਮਝ ਕੇ ਉਸ ਵਿਚ ਲੀਨ ਹੋ ਜਾਂਦਾ ਹੈ।7।

ਜੋ ਮਨੁੱਖ ਇਸ ਮਨ ਦਾ ਭੇਦ ਜਾਣ ਲੈਂਦਾ ਹੈ, ਉਹ ਇਸ ਮਨ ਦੀ ਰਾਹੀਂ ਹੀ (ਅੰਤਰ-ਆਤਮੇ) ਲੀਨ ਹੋ ਕੇ ਸੁਖਦੇਵ ਪ੍ਰਭੂ ਦਾ ਰੂਪ ਹੋ ਜਾਂਦਾ ਹੈ।8।

ਕਬੀਰ ਉਸ (ਸਰਬ-ਵਿਆਪਕ) ਮਨ (ਭਾਵ, ਪਰਮਾਤਮਾ) ਦਾ ਸਿਮਰਨ ਕਰ ਰਿਹਾ ਹੈ ਜੋ ਆਪ ਇੱਕ ਹੈ ਤੇ ਸਾਰੇ ਸਰੀਰਾਂ ਵਿਚ ਮੌਜੂਦ ਹੈ।9।1। 36।

ਸ਼ਬਦ ਦਾ ਭਾਵ:- ਜਦ ਤਕ ਮਾਇਕ ਸੁਖਾਂ ਦੀ ਲਾਲਸਾ ਮਨ ਵਿਚ ਟਿਕੀ ਰਹਿੰਦੀ ਹੈ, ਤਦ ਤਕ ਪਰਮਾਤਮਾ ਨਾਲ ਮਿਲਾਪ ਨਹੀਂ ਹੁੰਦਾ।